**ਡਾਇਰੈਕਟੋਰੇਟ ਆਫ ਸਕੂਲ ਸਿੱਖਿਆ (ਸੈਕੰਡਰੀ) ਪੰਜਾਬ**
**ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ – 8, ਮੋਹਾਲੀ**
**(ਗ੍ਰਾਂਟ ਸ਼ਾਖਾ)**

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), (ਸੈ. ਸਿ), 
ਪੰਜਾਬ ਰਾਜ।

ਮੀਮੋ ਨੰ. DPISE-GP20GENL/89/2022-GRANT PENSION-2-DPISE/315429/202388456
ਮਿਤੀ, ਐਸ.ਏ.ਐਸ. ਨਗਰ, 24/03/2023

ਵਿਸ਼ਾ - ਪੰਜਾਬ ਰੈਗੂਲੇਸ਼ਨ ਆਫ ਫੀਸ ਆਫ ਅਨਏਡਿਡ ਐਜੂਕੇਸ਼ਨਲ ਇੰਸਟੀਟਿਊਸ਼ਨਜ਼ ਐਕਟ, 2016 ਵਿੱਚ ਦਰਜ ਫੀਸਾਂ, ਵਰਦੀਆਂ ਅਤੇ ਕਿਤਾਬਾਂ ਸਬੰਧੀ ਹਦਾਇਤਾਂ ਨੂੰ ਲਾਗੂ ਕਰਨ ਬਾਰੇ।

ਹਵਾਲਾ - ਉਪਰੋਕਤ ਵਿਸ਼ੇ ਸਬੰਧੀ ਇਸ ਦਫਤਰ ਦੇ ਪੱਤਰ ਮੀਮੋ ਨੰਬਰ ਈ-315429, ਗਪ੨(1)/ 202287523 ਮਿਤੀ 11.04.2022 ਅਤੇ ਮੀਮੋ ਨੰ. DPISE-GP20GENL/89/2022-GRANT PENSION-2-DPISE/315429/202382289 ਮਿਤੀ 21.03.2023 ਦੀ ਲਗਾਤਾਰਤਾ ਵਿੱਚ।

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰਾਂ ਦੀ ਲਗਾਤਾਰਤਾ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਕਿਉਂ ਜੋ ਪ੍ਰਾਇਵੇਟ ਸਕੂਲਾਂ ਦੇ ਬੱਚਿਆਂ ਦੀ ਪੜ੍ਹਾਈ ਦਾ ਨਵਾ ਸੈਸ਼ਨ ਸ਼ੁਰੂ ਹੋਣ ਜਾ ਰਿਹਾ ਹੈ, ਇਸ ਲਈ ਹਵਾਲਾ ਅਧੀਨ ਪੱਤਰਾਂ ਵਿੱਚ ਦਰਜ ਹਦਾਇਤਾਂ ਦੀ ਪ੍ਰਾਈਵੇਟ ਸਕੂਲਾਂ ਤੋਂ ਇੰਨ-ਬਿੰਨ ਪਾਲਣਾ ਕਰਵਾਉਣੀ ਯਕੀਨੀ ਬਣਾਈ ਜਾਵੇ ਤਾਂ ਜੋ ਵਿਦਿਆਰਥੀਆਂ/ ਮਾਪਿਆਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।

ਆਪ ਨੂੰ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ/ ਮਾਪਿਆਂ ਨੂੰ ਫੀਸਾਂ, ਵਰਦੀਆਂ ਅਤੇ ਕਿਤਾਬਾਂ ਸਬੰਧੀ ਕੋਈ ਸਮੱਸਿਆ ਪੇਸ਼ ਆਉਂਦੀ ਹੈ ਤਾਂ ਵਿਭਾਗ ਦੀ ਈ-ਮੇਲ ਆਈ.ਡੀ. deputydirectorpas@yahoo.co.in ਉੱਪਰ ਤੁਰੰਤ ਆਪਣੀ ਸ਼ਿਕਾਇਤ ਭੇਜੀ ਜਾਵੇ। ਜਿਸ ਬਾਰੇ ਜਾਣਕਾਰੀ ਵਿਭਾਗ ਦੀ ਵੈੱਬਸਾਈਟ ssapunjab.org ਤੇ ਵੀ ਉਪਲਬੱਧ ਹੈ।

ਸਹਾਇਕ ਡਾਇਰੈਕਟਰ (ਪ੍ਰਾ.ਏ.ਸ.)

ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ
ਪਿੱਠ ਅੰਕਣ ਨੰ. ਸ-1/1 ਟ ?/ਪ੍ਰਾ.ਸ./2023/2190 ਮਿਤੀ: 27/3/2023

ਉਪਰੋਕਤ ਦਾ ਉਤਾਰਾ ਜ਼ਿਲ੍ਹੇ ਦੇ ਸਮੂਹ ਪ੍ਰਾਈਵੇਟ ਸਕੂਲਾਂ ਦੇ ਮੁੱਖੀਆਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ, ਪੱਤਰ ਵਿੱਚ ਦਰਜ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ
2 ਸਾਮ ਦੇਣ. ਜ਼ਰੀਏ ਜਿ.ਸਿ.ਅ.(ਸੈ.ਸਿ) ਬਠਿੰਡਾ ਦੀ ਦਫਤਰੀ ਵੈੱਬਸਾਈਟ ਰਾਹੀਂ

27/03/2023
ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ

Scanned with OKEN Scanner